# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 04-08-2025**

- **ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਕੀਤੇ ਹੰਗਾਮੇਂ ਕਾਰਨ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਹੋਈ।
- ਪੰਜਾਬ ਸਰਕਾਰ ਵਲੋਂ ਸੂਬੇ ਵਿੱਚੋਂ ਆਮ ਲੋਕਾਂ ਦੀ ਭਾਗੀਦਾਰੀ ਨਾਲ ਨਸ਼ਿਆਂ ਦੀ ਅਲਾਮਤ ਨੂੰ ਮੁਕਾਉਣ ਵਾਸਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਗੇੜ ਦੀ ਅੱਜ ਲੁਧਿਆਣਾ ਤੋਂ ਸ਼ੁਰੂਆਤ ।
- ਮੁਹਾਲੀ ਦੀ ਵਿਸ਼ੇਸ਼ CBI ਅਦਾਲਤ ਨੇ 1993 'ਚ ਤਰਨਤਾਰਨ ਪੁਲਿਸ ਵੱਲੋ ਦੋ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸੱਤ ਵਿਅਕਤੀਆਂ ਬਾਰੇ ਫ਼ੈਸਲਾ

ਸੁਣਾਉਂਦਿਆਂ, ਦੋਸ਼ੀ ਸਾਬਕਾ SSP ਸਮੇਤ 5 ਪੁਲਿਸ ਮੁਲਾਜ਼ਮਾਂ ਨੂੰ, ਉਮਰ ਕੈਦ ਅਤੇ ਸਾਢੇ 3 ਲੱਖ ਜੁਰਮਾਨੇ ਦੀ ਸਜ਼ਾ ਸੁਣਾਈ ।

- ISRO ਦੇ ਸਾਬਕਾ ਚੇਅਰਮੈਨ ਅਤੇ ਉਘੇ ਪੁਲਾੜ ਵਿਗਿਆਨੀ ਡਾ. ਐਸ. ਸੋਮਨਾਥ ਨੇ  ਯੂਨੀਵਰਸਿਟੀਆਂ ਨੂੰ ਇੱਕ ਆਤਮ - ਨਿਰਭਰ ਪੁਲਾੜ ਖੋਜ ਅਤੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਦਿੱਤਾ ਸੱਦਾ ।
- ਭਾਰਤ ਨੇ ਅੱਜ ਲੰਡਨ ਦੇ ਓਵਲ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਆਖਰੀ ਕ੍ਰਿਕਟ ਟੈਸਟ ਵਿੱਚ ਮੇਜ਼ਬਾਨ ਇੰਗਲੈਂਡ ਖਿਲਾਫ ਛੇ ਦੌੜਾਂ ਨਾਲ ਰੋਮਾਂਚਕ ਜਿੱਤ ਦਰਜ ਕਰਕੇ ਪੰਜ ਮੈਚਾਂ ਦੀ ਲੜੀ 2-2 ਨਾਲ ਬਰਾਬਰ ਕੀਤੀ ।

**ਹੁਣ ਖਬਰਾਂ ਵਿਸਥਾਰ ਨਾਲ.....**

ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮਾ ਕਾਰਨ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਜਦੋਂ ਸਦਨ ਦੀ ਕਾਰਵਾਈ ਸਵੇਰੇ 11 ਵਜੇ ਮੁੜ ਸ਼ੁਰੂ ਹੋਈ ਤਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪ੍ਰਸ਼ਨ ਕਾਲ ਚਲਾਉਣ ਦੀ ਕੋਸ਼ਿਸ਼ ਕੀਤੀ, ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਬਿਹਾਰ ਵਿੱਚ ਵਿਸ਼ੇਸ਼ ਤੀਬਰ ਸਮੀਖਿਆ ਪ੍ਰੋਗਰਾਮ ਵਾਪਸ ਲੈਣ ਸਮੇਤ ਵੱਖ-ਵੱਖ ਮੁੱਦਿਆਂ 'ਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਸ੍ਰੀ ਬਿਰਲਾ ਨੇ ਵਿਰੋਧੀ ਧਿਰ ਨੂੰ ਪ੍ਰਸ਼ਨ ਕਾਲ ਜਾਰੀ ਰੱਖਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਇਹ ਇੱਕ ਮਹੱਤਵਪੂਰਨ ਕੰਮ ਏ।

**BYTE**

---------------------------------------------------

ਪੰਜਾਬ ਸਰਕਾਰ ਨੇ ਸੂਬੇ ਵਿੱਚੋਂ ਆਮ ਲੋਕਾਂ ਦੀ ਭਾਗੀਦਾਰੀ ਨਾਲ ਨਸ਼ਿਆਂ ਦੀ ਅਲਾਮਤ ਨੂੰ ਮੁਕਾਉਣ ਵਾਸਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਗੇੜ ਦੀ ਅੱਜ ਲੁਧਿਆਣਾ ਤੋਂ ਸ਼ੁਰੂਆਤ ਕੀਤੀ। ਇਸ ਮੁਹਿੰਮ ਤਹਿਤ ਸਰਕਾਰ ਵੱਲੋਂ ਪਿੰਡਾਂ ਅਤੇ ਵਾਰਡ ਪੱਧਰ ਤੇ ਪਿੰਡ

ਸੁਰੱਖਿਆ ਕਮੇਟੀਆਂ ਬਣਾਈਆਂ ਗਈਆਂ ਹਨ ਜੋ ਕਿ ਆਮ ਲੋਕਾਂ ਨੂੰ ਨਸ਼ਾਖੋਰੀ ਖਿਲਾਫ ਲਾਮਬੰਦ ਕਰਨਗੀਆਂ । ਇਹਨਾਂ ਕਮੇਟੀਆਂ ਦੇ ਆਬਾਦੀ ਅਨੁਸਾਰ 10 ਤੋਂ 20 ਤੱਕ ਮੈਂਬਰ ਹੋਣਗੇ , ਜਿਨਾਂ ਵਿੱਚ ਪਿੰਡ ਦੇ ਸਰਪੰਚ ਸ਼ਹਿਰਾਂ ਵਿੱਚ ਵਾਰਡ  ਕੌਂਸਲਰ ਅਤੇ ਸੰਬੰਧਿਤ ਪੁਲਿਸ ਥਾਣੇ ਦੇ ਐਸ.ਐਚ.ਓ ਜਾਂ ਉਹਨਾਂ ਦੇ ਨੁਮਾਇੰਦੇ ਸ਼ਾਮਿਲ ਨੇ । ਇਸ ਮੌਕੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੇ ਦੱਸਿਆ।

**BYTE**

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪਿੰਡ ਸੁਰੱਖਿਆ ਕਮੇਟੀਆਂ ਬਾਰੇ ਵੇਰਵੇ ਸਾਂਝੇ ਕਰਦਿਆਂ ਕਿਹਾ।

**BYTE**

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਪੁਲਿਸ ਮੁਖੀ ਨੇ ਦਸਿਆ

**BYTE**

ਇਸ ਮੌਕੇ  ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਨ ਕੁਆਰਡੀਨੇਟਰਾਂ ਨੂੰ ਪ੍ਰਮਾਣ ਪੱਤਰ ਦੇਕੇ  ਸਨਮਾਨਿਤ ਵੀ ਕੀਤਾ।

--------------------------------------------------

ਮੁਹਾਲੀ ਸਥਿਤ ਵਿਸ਼ੇਸ਼ CBI ਅਦਾਲਤ ਦੇ ਜੱਜ ਬਲਜਿੰਦਰ ਸਿੰਘ ਸਰਾਂ ਵਲੋਂ 1993 'ਚ ਤਰਨਤਾਰਨ ਪੁਲਿਸ ਵੱਲੋ ਦੋ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸੱਤ ਵਿਅਕਤੀਆਂ ਬਾਰੇ ਫ਼ੈਸਲਾ ਸੁਣਾਇਆ ਗਿਆ। ਮਰਨ ਵਾਲਿਆਂ ਵਿਚ ਤਿੰਨ ਪੁਲਿਸ ਮੁਲਾਜ਼ਮ ਅਤੇ ਚਾਰ ਹੋਰ ਵਿਅਕਤੀ ਸ਼ਾਮਿਲ ਸਨ। ਮੋਹਾਲੀ ਤੋਂ ਸਾਡੇ ਪਤਰਕਾਰ ਨੇ ਦਸਿਆ ਏ ਕਿ ਦੋਸ਼ੀਆਂ ਵਿਚ ਸੇਵਾਮੁਕਤ ਐਸ.ਐਸ.ਪੀ ਭੁਪਿੰਦਰਜੀਤ ਸਿੰਘ, ਡੀ.ਐਸ.ਪੀ ਸੇਵਾਮੁਕਤ ਦਵਿੰਦਰ ਸਿੰਘ , ਸੂਬਾ ਸਿੰਘ, ਗੁਲਬਰਗ ਸਿੰਘ ਤੇ ਰਘਬੀਰ ਸਿੰਘ ਨੂੰ ਉਮਰ ਕੈਦ ਅਤੇ ਸਾਢੇ 3 ਲੱਖ ਜੁਰਮਾਨਾ ਲਾਇਆ ਏ। ਇਹ ਜੁਰਮਾਨਾ ਪੀੜ੍ਹਤ ਪਰਿਵਾਰਾਂ 'ਚ ਵੰਡਿਆ ਜਾਵੇਗਾ। ਜਿਕਰਯੋਗ ਏ ਕਿ ਬੀਤੇ ਦਿਨੀਂ ਇਸ ਮਾਮਲੇ 'ਚ ਅਦਾਲਤ ਨੇ ਪੰਜ ਮੁਲਜ਼ਮਾਂ ਨੂੰ ਦੋਸ਼ੀ ਠਹਿਰਾਇਆ ਸੀ ਅਤੇ ਸਜ਼ਾ ਅੱਜ ਸੁਣਾਈ ਗਈ । ਇਹ ਮਾਮਲੇ ਆਈ. ਪੀ. ਸੀ. ਦੀ ਧਾਰਾ 302,201,218, 120-ਬੀ ਤਹਿਤ ਦਰਜ਼ ਕੀਤੇ ਗਏ ਸਨ। ਕੁੱਲ 10 ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ ਪਰ ਪੰਜ ਦੀ ਮੌਤ ਹੋ ਚੁੱਕੀ ਏ। ਅੱਜ ਦੋਸ਼ੀ

ਪੰਜਾਂ ਪੁਲਿਸ ਮੁਲਾਜਮਾਂ ਵਿਚੋਂ ਦੋ ਗੁਲਬਰਗ ਸਿੰਘ ਤੇ ਰਘਬੀਰ ਸਿੰਘ ਹੀ ਅਦਾਲਤ ਅੱਗੇ ਪੇਸ਼ ਹੋਏ । ਜਦਕਿ ਬਾਕੀ ਤਿੰਨਾਂ ਵਲੋ ਵੀਡਿਓ ਕਾਨਫਰੰਸਿੰਗ ਰਾਹੀਂ ਪੇਸ਼ੀ ਭੁਗਤਣ ਦੀ ਅਰਜ਼ੀ ਦਿੱਤੀ ਗਈ ਸੀ।
ਓਧਰ ਪੀੜਤ ਪਰਵਾਰ ਨੇ ਕਿਹਾ ਕਿ ਊਨਾ ਨੂੰ ਅੱਜ 32 ਸਾਲ ਬਾਦ ਇਨਸਾਫ਼ ਮਿਲਿਆ ਏ ।

---------------------------------------------------

ਭਾਰਤੀ ਪੁਲਾੜ ਖੋਜ ਸੰਗਠਨ ਦੇ ਸਾਬਕਾ ਚੇਅਰਮੈਨ ਅਤੇ ਉਘੇ ਪੁਲਾੜ ਵਿਗਿਆਨੀ ਡਾ. ਐਸ. ਸੋਮਨਾਥ ਨੇ ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ "ਭਾਰਤ ਵਿੱਚ ਪੁਲਾੜ ਖੇਤਰ : ਕਾਰੋਬਾਰ ਅਤੇ ਸਟਾਰਟਅੱਪ ਲਈ ਮੌਕੇ" ਵਿਸ਼ੇ ਬਾਰੇ ਭਾਸ਼ਣ ਦਿੱਤਾ । ਸਿਰਲੇਖ ਭਾਰਤ ਦੇ ਪੁਲਾੜ ਖੇਤਰ ਦੇ ਵਿਕਾਸ, ਨਿੱਜੀ ਉੱਦਮਾਂ ਦੀ ਭੂਮਿਕਾ ਅਤੇ ਦੇਸ਼ ਵਿੱਚ ਸਪੇਸ ਉੱਦਮਤਾ ਦੇ ਭਵਿੱਖ 'ਤੇ ਕੇਂਦ੍ਰਿਤ ਰੇਅ । ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਰੇਣੂ ਵਿਗ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਇਸ ਮੌਕੇ ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ, ਖੋਜਕਰਤਾਵਾਂ, ਫੈਕਲਟੀ ਅਤੇ ਪੇਸ਼ੇਵਰਾਂ ਨੇ ਹਿੱਸਾ

ਲਿਆ।   ਡਾ. ਸੋਮਨਾਥ ਨੇ 2023 ਦੀ ਭਾਰਤੀ ਪੁਲਾੜ ਨੀਤੀ ਦੇ ਤਹਿਤ ਪੁਲਾੜ ਵਿੱਚ ਭਾਰਤ ਦੇ  ਪਰਿਵਰਤਨਸ਼ੀਲ ਸਫ਼ਰ  'ਤੇ ਚਾਨਣਾ ਪਾਇਆ । ਉਨ੍ਹਾਂ  ਪੁਲਾੜ ਵਿੱਚ ਭਾਰਤ ਦੇ ਭਵਿੱਖ ਦੀਆਂ ਰਣਨੀਤਕ ਅਤੇ ਵਿਗਿਆਨਕ ਤਰਜੀਹਾਂ ਬਾਰੇ ਗੱਲ ਕੀਤੀ । ਉਨ੍ਹਾਂ ਯੂਨੀਵਰਸਿਟੀਆਂ ਨੂੰ ਇੱਕ ਆਤਮ -ਨਿਰਭਰ ਪੁਲਾੜ ਖੋਜ ਅਤੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ। ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਦਾ ਹਵਾਲਾ ਦਿੰਦੇ ਹੋਏ, ਡਾ. ਸੋਮਨਾਥ ਨੇ ਦਿਖਾਇਆ ਕਿ ਕਿਵੇਂ ਸੈਟੇਲਾਈਟ-ਅਧਾਰਤ ਤਕਨਾਲੋਜੀਆਂ ਹੁਣ ਖੇਤੀ ਨੂੰ ਬਦਲ ਰਹੀਆਂ ਨੇ । ਉਨ੍ਹਾਂ ਨੇ ਫਸਲ ਬੀਮਾ, ਉਪਜ ਅਨੁਮਾਨ ਅਤੇ ਸਮਾਰਟ ਸਿੰਚਾਈ ਯੋਜਨਾਬੰਦੀ ਲਈ ਇਸਰੋ ਦੇ ਰਿਮੋਟ ਸੈਂਸਿੰਗ ਐਪਲੀਕੇਸ਼ਨਾਂ ਬਾਰੇ ਗੱਲ ਕੀਤੀ।  ਡਾ. ਸੋਮਨਾਥ ਨੇ ਖੰਡੀ ਚੱਕਰਵਾਤ ਨਿਗਰਾਨੀ ਅਤੇ ਭਵਿੱਖਬਾਣੀ, ਜੰਗਲ ਦੀ ਅੱਗ ਚੇਤਾਵਨੀਆਂ ਅਤੇ ਆਫ਼ਤ ਪ੍ਰਬੰਧਨ ਵਿੱਚ ਸੈਟੇਲਾਈਟ ਡੇਟਾ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ।

-------------------------------------------------------------------

ਪੰਜਾਬ ਜੁਵੇਨਾਇਲ ਜਸਟਿਸ ਐਕਟ, 2015 ਤਹਿਤ ਸੰਕੇਤਿਕ ਭਾਸ਼ਾ ਇੰਟਰ-ਪ੍ਰੇਟਰਾਂ, ਅਨੁਵਾਦਕਾਂ ਅਤੇ ਵਿਸ਼ੇਸ਼ ਸਿੱਖਿਅਕਾਂ ਨੂੰ ਰਸਮੀ ਤੌਰ 'ਤੇ ਸੂਚੀਬੱਧ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਨ ਜਾ ਰਿਹਾ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਕਦਮ ਕਾਨੂੰਨੀ, ਵਿਦਿਅਕ ਅਤੇ ਰੋਜ਼ਾਨਾ ਜੀਵਨ ਵਿੱਚ ਸੰਚਾਰ ਦੀਆਂ ਰੁਕਾਵਟਾਂ ਨੂੰ ਦੂਰ ਕਰਕੇ, ਵਿਸ਼ੇਸ਼ ਯੋਗਤਾਵਾਂ ਵਾਲੇ ਬੱਚਿਆਂ ਨੂੰ ਸਸ਼ਕਤ ਬਣਾਉਣ ਵੱਲ ਇੱਕ ਮਜ਼ਬੂਤ ਕੋਸ਼ਿਸ਼ ਏ। ਉਨ੍ਹਾਂ ਕਿਹਾ ਕਿ ਜੁਵੇਨਾਇਲ ਜਸਟਿਸ ਐਕਟ ਅਤੇ ਪੋਕਸੋ ਐਕਟ 2012 ਅਧੀਨ ਇਹ ਸੂਚੀਕਰਨ, ਸੰਚਾਰ ਦੇ ਪਾੜੇ ਨੂੰ ਪਾਰ ਕਰਕੇ, ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਅਤੇ ਕਾਨੂੰਨੀ ਪਹੁੰਚ ਨੂੰ ਅਸਾਨ ਬਣਾਵੇਗਾ। ਇਹ ਤਜਰਬੇਕਾਰ ਪੇਸ਼ੇਵਰ ਅਦਾਲਤੀ ਕਾਰਵਾਈ ਦੌਰਾਨ ਬੱਚਿਆਂ ਲਈ ਸਹਿਯੋਗੀ ਭੂਮਿਕਾ ਨਿਭਾਉਣਗੇ, ਜਿਸ ਨਾਲ ਨਿਰਪੱਖ ਅਤੇ ਪਾਰਦਰਸ਼ੀ ਨਤੀਜੇ ਯਕੀਨੀ ਹੋਣਗੇ। ਮੰਤਰੀ ਨੇ ਦੱਸਿਆ ਕਿ ਸੂਚੀਬੱਧ ਪੇਸ਼ੇਵਰਾਂ ਦੀ ਜ਼ਿਲ੍ਹਾ-ਵਾਰ

ਤਾਇਨਾਤੀ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਐਕਟਾਂ ਅਨੁਸਾਰ ਮਿਹਨਤਾਨਾ ਦਿੱਤਾ ਜਾਵੇਗਾ ।

---------------------------------------------------------------

ਕਰ ਇੰਫੋਰਸਮੈਂਟ ਨੂੰ ਸੰਸਥਾਗਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦੇ ਹੋਏ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਕ ਸੂਬਾ ਪੱਧਰੀ ਵਿਸ਼ੇਸ਼ ਧੋਖਾਧੜੀ ਖੋਜ ਯੂਨਿਟ ਸਥਾਪਤ ਕਰਨ ਦੀ ਤਜਵੀਜ਼ ਦਾ ਐਲਾਨ ਕੀਤਾ, ਜਿਸ ਦਾ ਹੈੱਡਕੁਆਟਰ ਪਟਿਆਲਾ ਵਿਖੇ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਮਰਪਿਤ ਯੂਨਿਟ ਵਸਤੂਆਂ ਅਤੇ ਸੇਵਾਵਾਂ ਕਰ ਉਲੰਘਣਾ ਨਾਲ ਸਬੰਧਤ ਗੁੰਝਲਦਾਰ ਮਾਮਲਿਆਂ ਦੀ ਜਾਂਚ ਵਿੱਚ ਇਕਸਾਰਤਾ ਲਿਆਏਗਾ ਅਤੇ ਜਾਂਚ ਨੂੰ ਸੁਚਾਰੂ ਬਣਾਏਗਾ। ਵਿੱਤ ਮੰਤਰੀ ਨੇ ਦੱਸਿਆ ਕਿ ਯੂਨਿਟ ਨੂੰ ਵੱਡੇ ਪੱਧਰ ਦੀਆਂ ਜੀ.ਐਸ.ਟੀ ਧੋਖਾਧੜੀਆਂ ਦਾ ਪਰਦਾਫਾਸ਼ ਅਤੇ ਜਾਂਚ ਕਰਨ ਦਾ ਕੰਮ ਸੌਂਪਿਆ ਜਾਵੇਗਾ, ਜਿਸ ਵਿੱਚ ਖਾਸ ਤੌਰ 'ਤੇ ਸਰਕੂਲਰ ਟਰੇਡਿੰਗ ਓਪਰੇਸ਼ਨਾਂ ਨੂੰ ਰੋਕਣ, ਬੇਨਾਮੀ ਲੈਣ-ਦੇਣ ਦਾ ਪਰਦਾਫਾਸ਼ ਕਰਨ ਅਤੇ ਜਾਅਲੀ ਇਨ-ਵੌਇਸਿੰਗ ਦੀਆਂ

ਕਾਰਵਾਈਆਂ ਨੂੰ ਖ਼ਤਮ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ । ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਯੂਨਿਟ ਆਪਣੀ ਖੋਜ ਸਮਰੱਥਾ ਨੂੰ ਵਧਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ , ਡੇਟਾ ਐਨਾਲਿਟਿਕਸ ਅਤੇ ਕੇਂਦਰੀਕ੍ਰਿਤ ਬੈਕਐਂਡ ਓਪਰੇਸ਼ਨਾਂ ਸਮੇਤ ਉੱਨਤ ਤਕਨਾਲੋਜੀਆਂ ਦਾ ਲਾਭ ਉਠਾਏਗੀ । ਯੂਨਿਟ ਟੈਕਸ ਰਿਟਰਨ, ਲੈਣ-ਦੇਣ ਦੇ ਨੈੱਟਵਰਕ ਅਤੇ ਵਸਤਾਂ ਦੀ ਆਵਾਜਾਈ ਵਿੱਚ ਵਿਸੰਗਤੀਆਂ ਦੀ ਪਛਾਣ ਕਰਨ ਲਈ ਸੂਬੇ ਭਰ ਵਿੱਚ ਵਿਆਪਕ ਡਾਟਾ ਮਾਈਨਿੰਗ ਅਤੇ ਪੈਟਰਨ ਦੀ ਪਛਾਣ ਕਰੇਗਾ।

---

ਮੁਹਾਲੀ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਗਰਭਵਤੀ ਔਰਤਾਂ ਨੂੰ ਜਾਂਚ ਅਤੇ ਇਲਾਜ ਦੀਆਂ ਸਾਰੀਆਂ ਸਹੂਲਤਾਂ ਬਿਲਕੁਲ ਮੁਫ਼ਤ ਦਿਤੀਆਂ ਜਾ ਰਹੀਆਂ ਨੇ । ਮੁਹਾਲੀ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਸਰਕਾਰੀ ਹਸਪਤਾਲਾਂ ਵਿਚ ਸਰਕਾਰ ਵਲੋਂ ਔਰਤਾਂ ਨੂੰ ਗਰਭ ਠਹਿਰਣ ਤੋਂ ਲੈ ਕੇ ਜਣੇਪੇ ਤਕ ਸਾਰੀਆਂ ਸਹੂਲਤਾਂ ਬਿਲਕੁਲ ਮੁਫ਼ਤ ਦਿਤੀਆਂ ਜਾਂਦੀਆਂ ਹਨ ਅਤੇ ਸੰਸਥਾਗਤ

ਜਣੇਪਾ ਕਰਾਉਣ 'ਤੇ ਜਨਨੀ ਸੁਰੱਖਿਆ ਯੋਜਨਾ ਤਹਿਤ ਮਾਲੀ ਸਹਾਇਤਾ ਵੀ ਦਿਤੀ ਜਾਂਦੀ ਏ। ਸਹੂਲਤਾਂ ਵਿਚ ਜਾਂਚ ਅਤੇ ਦਵਾਈਆਂ, ਇਕ ਸਾਲ ਤਕ ਬੱਚੇ ਦਾ ਇਲਾਜ, ਅਲਟਰਾਸਾਊਂਡ, ਲੈਬ ਟੈਸਟ, ਖਾਣ-ਪੀਣ ਦੀ ਸਹੂਲਤ, ਸਿਹਤ ਸੰਸਥਾਵਾਂ ਤਕ ਆਉਣ-ਜਾਣ ਲਈ ਆਵਾਜਾਈ ਸ਼ਾਮਲ ਏ। ਡਾ. ਜੈਨ ਨੇ ਹਦਾਇਤਾਂ ਦਿਤੀਆਂ ਕਿ ਕੋਈ ਵੀ ਗਰਭਵਤੀ ਔਰਤ ਮਿਆਰੀ ਸਿਹਤ ਸਹੂਲਤਾਂ ਅਤੇ ਲੋੜੀਂਦੀ ਦੇਖਭਾਲ ਤੋਂ ਵਾਂਝੀ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਕਿਹਾ ਕਿ ਮਾਤਰੀ ਮੌਤ ਦਰ ਘਟਾਉਣ ਲਈ ਗਰਭ ਅਵਸਥਾ ਦੀਆਂ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਨਾ ਬਹੁਤ ਜ਼ਰੂਰੀ ਏ ਤਾਂ ਜੋ ਸਮੇਂ ਸਿਰ ਉਨ੍ਹਾਂ ਦਾ ਇਲਾਜ ਸ਼ੁਰੂ ਕੀਤਾ ਜਾ ਸਕੇ। ਡਾ. ਸੰਗੀਤਾ ਜੈਨ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਗਰਭਵਤੀ ਔਰਤਾਂ ਦਾ ਮਾਹਰ ਡਾਕਟਰ ਕੋਲੋਂ ਸਰਕਾਰੀ ਹਸਪਤਾਲਾਂ ਵਿਚ ਹੀ ਜਾਂਚ ਕਰਾਈ ਜਾਵੇ।

---------------------------------------------------------

ਬਠਿੰਡਾ ਦੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਊਸ਼ਾ ਗੋਇਲ ਦੀ ਅਗਵਾਈ ਹੇਠ ਡੇਂਗੂ, ਮਲੇਰੀਆ, ਹੈਪਾਟਾਈਟਸ ਅਤੇ ਹੋਰ ਬਿਮਾਰੀਆਂ ਸਬੰਧੀ

ਜ਼ਿਲ੍ਹੇ ਦੇ ਹੈਲਥ ਇੰਸਪੈਕਟਰਾਂ ਨਾਲ ਮੀਟਿੰਗ ਕੀਤੀ ਗਈ। ਜ਼ਿਲ੍ਹਾ ਸਿਹਤ ਨੇ ਦੱਸਿਆ ਕਿ ਮੀਟਿੰਗ ਦਾ ਮੁੱਖ ਮਕਸਦ ਬਿਮਾਰੀਆਂ ਸਬੰਧੀ ਅਗਾਂਹੂ ਪ੍ਰਬੰਧਾਂ ਦੀ ਸਮੀਖਿਆਂ ਕਰਨਾ ਏ ਤਾ ਜੋ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਬਿਮਾਰੀਆਂ ਤੋ ਲੋਕਾਂ ਨੂੰ ਬਚਾਇਆ ਜਾ ਸਕੇ। ਇਸ ਸਬੰਧੀ ਸਕੂਲ, ਕਾਲਜ ਅਤੇ ਹੋਰ ਵਿਦਿਅਕ ਅਦਾਰੇ ਦੇ ਵਿਦਿਆਰਥੀਆਂ ਅਤੇ ਸ਼ਹਿਰ, ਪਿੰਡ ਪੱਧਰ ‘ਤੇ ਜਾਗਰੂਕ ਕੈਂਪ ਲਗਾਏ ਜਾਣ ਤਾ ਜੋ ਲੋਕ ਇਨ੍ਹਾਂ ਬਿਮਾਰੀਆਂ ਤੋਂ ਆਪਣੇ ਆਪ ਨੂੰ ਬਚਾ ਸਕਣ। ਇਸ ਸਬੰਧੀ ਸਮਾਜ ਸੇਵੀ ਸੰਸਥਾਵਾ ਦਾ ਵੀ ਸਹਿਯੋਗ ਲਿਆ ਜਾਵੇ। ਇਸ ਮੌਕੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਡੇਂਗੂ, ਮਲੇਰੀਆ, ਚਿਕਨਗੁਨੀਆਂ ਤੋਂ ਇਲਾਵਾ ਦਸਤ, ਹੈਜਾ, ਟਾਈਫਾਇਡ , ਪੀਲੀਆ ਅਤੇ ਉਲਟੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ, ਜਿਨ੍ਹਾਂ ਤੋਂ ਥੋੜੀ ਜਿਹੀ ਸਾਵਧਾਨੀ ਵਰਤ ਕੇ ਬਚਿਆ ਜਾ ਸਕਦਾ ਏ । ਇਸ ਦੌਰਾਨ ਸਪਰੇ ਕਰਨ ਦੇ ਢੰਗਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ।

---------------------------------------------------

ਜਲੰਧਰ ਵਿਚ ਬੂਥ ਲੈਵਲ ਏਜੰਟਾਂ ਦੀ ਤਾਇਨਾਤੀ ਸਬੰਧੀ ਚੋਣ ਤਹਿਸੀਲਦਾਰ ਸੁਖਦੇਵ ਸਿੰਘ ਨੇ ਅੱਜ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨ ਚੋਣ ਤਹਿਸੀਲਦਾਰ ਨੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਬੂਥ ਲੈਵਲ ਏਜੰਟਾਂ ਦੀ ਤਾਇਨਾਤੀ ਸਬੰਧੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਵਿਸਥਾਰ ਨਾਲ ਜਾਣੂ ਕਰਵਾਇਆ ਅਤੇ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ ’ਤੇ ਬੂਥ ਲੈਵਲ ਅਫ਼ਸਰਾਂ ਦੀ ਸਹਾਇਤਾ ਲਈ ਬੂਥ ਲੈਵਲ ਏਜੰਟ ਤਾਇਨਾਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੁਮਾਇੰਦਿਆਂ ਨੂੰ ਚੋਣ ਕਮਿਸ਼ਨ ਵੱਲੋਂ ਬੀ.ਐਲ.ਏ.-2(BLA-2) ਫਾਰਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਬੂਥ ਲੈਵਲ ਏਜੰਟ ਦੀਆਂ ਜ਼ਿੰਮੇਵਾਰੀਆਂ ਬਾਰੇ ਦੱਸਿਆ ਕਿ ਉਨ੍ਹਾਂ ਵਲੋਂ ਵੋਟ ਬਣਾਉਣ ਤੋਂ ਰਹਿ ਗਏ 18 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਵਿਅਕਤੀਆਂ, ਮਰ ਚੁੱਕੇ ਅਤੇ ਤਬਦੀਲ  ਹੋ ਚੁੱਕੇ ਵੋਟਰਾਂ ਦੀ ਸੂਚੀ ਬੂਥ ਲੈਵਲ ਅਫ਼ਸਰ ਨੂੰ ਪ੍ਰਦਾਨ ਕੀਤੀ ਜਾਣੀ ਏ ।

---

ਭਾਰਤ ਨੇ ਅੱਜ ਲੰਡਨ ਦੇ ਓਵਲ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਆਖਰੀ ਕ੍ਰਿਕਟ ਟੈਸਟ ਵਿੱਚ ਮੇਜ਼ਬਾਨ ਇੰਗਲੈਂਡ ਵਿਰੁੱਧ ਛੇ ਦੌੜਾਂ ਨਾਲ ਰੋਮਾਂਚਕ ਜਿੱਤ ਦਰਜ ਕਰਕੇ ਪੰਜ ਮੈਚਾਂ ਦੀ ਲੜੀ 2-2 ਨਾਲ ਬਰਾਬਰ ਕੀਤੀ । ਭਾਰਤ ਵੱਲੋਂ ਦਿੱਤੇ ਗਏ 374 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਮੇਜ਼ਬਾਨ ਟੀਮ ਪੰਜਵੇਂ ਦਿਨ ਆਪਣੀ ਦੂਜੀ ਪਾਰੀ ਵਿੱਚ 367 ਦੌੜਾਂ 'ਤੇ ਆਲ ਆਊਟ ਹੋ ਗਈ । ਟੀਮ ਇੰਡੀਆ ਨੇ ਆਪਣੀ ਦੂਜੀ ਪਾਰੀ ਵਿੱਚ ਪ੍ਰਭਾਵਸ਼ਾਲੀ 396 ਦੌੜਾਂ ਬਣਾਈਆਂ ਸਨ। ਪਹਿਲੀ ਪਾਰੀ ਵਿੱਚ, ਇੰਗਲੈਂਡ ਭਾਰਤ ਦੇ 224 ਦੌੜਾਂ ਦੇ ਜਵਾਬ ਵਿੱਚ 247 ਦੌੜਾਂ 'ਤੇ ਆਲ ਆਊਟ ਹੋ ਗਿਆ।

---

- ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਕੀਤੇ ਹੰਗਾਮੇਂ ਕਾਰਨ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਹੋਈ ।

- ਪੰਜਾਬ ਸਰਕਾਰ ਵਲੋਂ ਸੂਬੇ ਵਿੱਚੋਂ ਆਮ ਲੋਕਾਂ ਦੀ ਭਾਗੀਦਾਰੀ ਨਾਲ ਨਸ਼ਿਆਂ ਦੀ ਅਲਾਮਤ ਨੂੰ ਮੁਕਾਉਣ ਵਾਸਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਗੇੜ ਦੀ ਅੱਜ ਲੁਧਿਆਣਾ ਤੋਂ ਸ਼ੁਰੂਆਤ ।
- ਮੁਹਾਲੀ ਦੀ ਵਿਸ਼ੇਸ਼ CBI ਅਦਾਲਤ ਨੇ 1993 'ਚ ਤਰਨਤਾਰਨ ਪੁਲਿਸ ਵੱਲੋ ਦੋ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸੱਤ ਵਿਅਕਤੀਆਂ ਬਾਰੇ ਫ਼ੈਸਲਾ ਸੁਣਾਉਦਿਆਂ, ਦੋਸ਼ੀ ਸਾਬਕਾ SSP ਸਮੇਤ 5 ਪੁਲਿਸ ਮੁਲਾਜ਼ਮਾਂ ਨੂੰ, ਉਮਰ ਕੈਦ ਅਤੇ ਸਾਢੇ 3 ਲੱਖ ਜੁਰਮਾਨੇ ਦੀ ਸਜ਼ਾ ਸੁਣਾਈ ।
- ISRO ਦੇ ਸਾਬਕਾ ਚੇਅਰਮੈਨ ਅਤੇ ਉਘੇ ਪੁਲਾੜ ਵਿਗਿਆਨੀ ਡਾ. ਐਸ. ਸੋਮਨਾਥ ਨੇ ਯੂਨੀਵਰਸਿਟੀਆਂ ਨੂੰ ਇੱਕ ਆਤਮ - ਨਿਰਭਰ ਪੁਲਾੜ ਖੋਜ ਅਤੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਦਿੱਤਾ ਸੱਦਾ ।

- ਭਾਰਤ ਨੇ ਅੱਜ ਲੰਡਨ ਦੇ ਓਵਲ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਆਖਰੀ ਕ੍ਰਿਕਟ ਟੈਸਟ ਵਿੱਚ ਮੇਜ਼ਬਾਨ ਇੰਗਲੈਂਡ ਖਿਲਾਫ ਛੇ ਦੌੜਾਂ ਨਾਲ ਰੋਮਾਂਚਕ ਜਿੱਤ ਦਰਜ ਕਰਕੇ ਪੰਜ ਮੈਚਾਂ ਦੀ ਲੜੀ 2-2 ਨਾਲ ਬਰਾਬਰ ਕੀਤੀ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**